ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ।

ਹੁਕਮ ਨੰ: 10/14-01 ਅ-3 (4) (ਕੋ:ਸੈਲ (2) )
ਮਿਤੀ, ਐਸ.ਏ.ਐਸ.ਨਗਰ :-08-12-15

ਸ਼੍ਰੀਮਤੀ ਸੰਜੂ ਕਾਲੜਾ, ਹਿੰਦੀ ਮਿਸਟ੍ਰੈਸ, ਸ.ਹ.ਸ ਵਰਿਆਮ ਖੇੜਾ, ਜ਼ਿਲ੍ਹਾ ਫਿਰੋਜ਼ਪੁਰ ਜੋ ਮਿਤੀ 01-10-2000 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਸਰਕਾਰ ਦੇ ਹੁਕਮ ਨੰ: 10/14-2001 ਅ-3(4) ਮਿਤੀ 19-06-2001 ਰਾਹੀਂ ਪੰਜਾਬ ਸਿਵਲ ਸਰਵਿਸਜ਼ (ਦੰਡ ਅਤੇ ਅਪੀਲ) ਰੂਲਜ਼ 1970 ਦੀ ਧਾਰਾ 8 ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ।

ਸ਼੍ਰੀਮਤੀ ਸੰਜੂ ਕਾਲੜਾ, ਹਿੰਦੀ ਮਿਸਟ੍ਰੈਸ, ਸ.ਹ.ਸ ਵਰਿਆਮ ਖੇੜਾ, ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਹੁਕਮ ਨੰ: 10/14-01 ਅੰ-3 (4) ਮਿਤੀ 18-09-2009 ਰਾਹੀਂ ਸ਼੍ਰੀ ਲਛਮਣ ਦਾਸ ਕੰਬੋਜ, ਪ੍ਰਿੰਸੀਪਲ, ਸ.ਸ.ਸ.ਸ ਕਰਨੀਵਾਲਾ, ਜ਼ਿਲ੍ਹਾ ਫਿਰੋਜ਼ਪੁਰ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਪ੍ਰਾਪਤ ਹੋਈ ਪੜਤਾਲ ਰਿਪੋਰਟ ਅਨੁਸਾਰ ਕਰਮਚਾਰਨ ਵਿਰੁੱਧ ਮਿਤੀ 01-10-2000 ਤੋਂ ਸਰਕਾਰੀ ਡਿਊਟੀ ਤੋ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਹੋ ਚੱਕਾ ਹੈ।

ਕੁਦਰਤੀ ਨਿਆਂ ਨੂੰ ਮੁੱਖ ਰੱਖਦੇ ਹੋਏ ਸ਼੍ਰੀਮਤੀ ਸੰਜੂ ਕਾਲੜਾ, ਹਿੰਦੀ ਮਿਸਟ੍ਰੈਸ, ਸ.ਹ.ਸ ਵਰਿਆਮ ਖੇੜਾ, ਜ਼ਿਲ੍ਹਾ ਫਿਰੋਜ਼ਪੁਰ ਨੂੰ ਆਪਣੀ ਡਿਊਟੀ ਤੋਂ ਅਣ-ਅਧਿਕਾਰਤ ਤੌਰ ਤੇ ਗੈਰ-ਹਾਜ਼ਰ ਰਹਿਣ ਕਾਰਨ ਮਿਤੀ 29-10-15 ਨੂੰ ਹਿੰਦੁਸਤਾਨ ਟਾਈਮਜ਼ ਅਖਬਾਰ ਵਿਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਲੜੀ ਨੰ:1 ਤੇ ਇਸ ਕਰਮਚਾਰਨ ਦਾ ਨਾਂ ਸਾਮਲ ਹੈ। ਇਸ ਇਸ਼ਤਿਹਾਰ ਰਾਹੀ ਕਿ ਕਰਮਚਾਰਨ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿਚ ਜੇਕਰ ਕੁਝ ਕਹਿਣਾ ਚਾਹੁੰਦੀ ਹੈ ਤਾਂ ਨੋਟਿਸ ਛੱਪਣ ਦੇ 21 ਦਿਨਾਂ ਦੇ ਅੰਦਰ ਅੰਦਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕਰੇ ਪਰੰਤੂ ਇਸ ਨੋਟਿਸ ਦੇ ਜਵਾਬ ਵਿਚ ਕਰਮਚਾਰਨ ਨੇ ਨਾ ਤਾਂ ਕੋਈ ਉਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋ ਇਹ ਸਪਸ਼ਟ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਚਾਲੂ ਰੱਖਣ ਵਿਚ ਦਿਲਚਸਪੀ ਨਹੀ ਰੱਖਦੀ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਸੰਜੂ ਕਾਲੜਾ, ਹਿੰਦੀ ਮਿਸਟ੍ਰੈਸ, ਸ.ਹ.ਸ ਵਰਿਆਮ ਖੇੜਾ, ਜ਼ਿਲ੍ਹਾ ਫਿਰੋਜ਼ਪੁਰ ਦੇ ਅਣ-ਅਧਿਕਾਰਤ ਤੌਰ ਤੇ ਮਿਤੀ 01-10-2000 ਤੋਂ ਹੁਣ ਤੱਕ ਲਗਾਤਾਰ ਸਰਕਾਰੀ ਡਿਊਟੀ ਤੋ ਜਾਣਬੁੱਝ ਕੇ ਗੈਰ ਹਾਜਰ ਰਹਿਣ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਮਾਂਵਲੀ 1970 ਦੇ ਨਿਯਮ 5 (viii) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ।

ਪਿਠ ਅੰਕਣ ਨੰ: ਉਕਤ / 22501-04 ਮਿਤੀ, ਐਸ.ਏ.ਐਸ.ਨਗਰ : 30/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਫਰੀਦਕੋਟ।
2. ਜਿਲਾ ਸਿੱਖਿਆ ਅਫਸਰ (ਸੈ:ਸਿ), ਫਿਰੋਜ਼ਪੁਰ ਨੂੰ ਭੇਜਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾ ਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾਂ ਖਤਮ ਕਰਨ ਸਬੰਧੀ ਇੰਦਰਾਜ ਕਰਵਾਉਣਾ ਯਕੀਨੀ ਬਣਾਇਆ ਜਾਵੇ ਅਤੇ ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਰਜਿਸਟਰਡ — ਮੁੱਖ ਅਧਿਆਪਕ, ਸ.ਹ.ਸ ਵਰਿਆਮ ਖੇੜਾ, ਜ਼ਿਲ੍ਹਾ ਫਿਰੋਜ਼ਪੁਰ ਨੂੰ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ। ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕਰਕੇ ਤਸਦੀਕ ਸ਼ੁਦਾ ਕਾਪੀ ਇਸ ਦਫਤਰ ਨੂੰ ਭੇਜੀ ਜਾਵੇ।
4. ਸ਼੍ਰੀਮਤੀ ਸੰਜੂ ਕਾਲੜਾ, ਹਿੰਦੀ ਮਿਸਟ੍ਰੈਸ, ਸ.ਹ.ਸ ਵਰਿਆਮ ਖੇੜਾ, ਜ਼ਿਲ੍ਹਾ ਫਿਰੋਜ਼ਪੁਰ।

ਸੁਪਰਡੈਂਟ ਕੋਆਰਡੀਨੇਸ਼ਨ ਸੈਲ